# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 20-05-2025**

ਸੀਮਾ ਸੁਰੱਖਿਆ ਬਲ (ਬੀਐਸਐਫ) ਨੇ ਐਲਾਨ ਕੀਤਾ ਏ ਕਿ ਪੰਜਾਬ ਸਰਹੱਦ ਦੇ ਨਾਲ ਲੱਗਦੀਆਂ ਤਿੰਨੇਂ ਸਾਂਝੀਆਂ ਚੈੱਕ ਪੋਸਟਾਂ 'ਤੇ ਰਿਟਰੀਟ ਸਮਾਰੋਹ ਅੱਜ ਤੋਂ ਮੁੜ ਸ਼ੁਰੂ ਹੋਵੇਗਾ। ਬੀਐਸਐਫ ਅਨੁਸਾਰ, ਇਹ ਸਮਾਰੋਹ ਅੱਜ ਤੋਂ ਵਿਸ਼ੇਸ਼ ਤੌਰ 'ਤੇ ਮੀਡੀਆ ਕਰਮਚਾਰੀਆਂ ਲਈ ਖੁੱਲ੍ਹਾ ਹੋਵੇਗਾ, ਅਤੇ ਕੱਲ੍ਹ ਤੋਂ ਆਮ ਲੋਕਾਂ ਲਈ ਦੁਬਾਰਾ ਸ਼ੁਰੂ ਕੀਤਾ ਜਾਵੇਗਾ। ਅਟਾਰੀ, ਹੁਸੈਨੀਵਾਲਾ ਅਤੇ ਸਦੀਕੀ ਵਿਖੇ ਰਿਟਰੀਟ ਸਮਾਰੋਹਾਂ ਨੂੰ ਇਸ ਮਹੀਨੇ ਦੀ 8 ਤਰੀਕ ਨੂੰ ਜਨਤਾ ਲਈ ਮੁਅੱਤਲ ਕਰ ਦਿੱਤਾ ਗਿਆ ਸੀ। ਰਿਟਰੀਟ ਸਮਾਰੋਹ ਨੂੰ ਮੁਅੱਤਲ ਕਰਨ ਦਾ ਫੈਸਲਾ ਭਾਰਤ ਵੱਲੋਂ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਵਿੱਚ ਦਹਿਸ਼ਤਗਰਦੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋਏ ਆਪ੍ਰੇਸ਼ਨ ਸਿੰਦੂਰ ਚਲਾਉਣ ਤੋਂ ਇੱਕ ਦਿਨ ਬਾਅਦ ਲਿਆ ਗਿਆ ਸੀ। ਹਾਲਾਂਕਿ, ਸੀਮਾ ਸੁਰੱਖਿਆ ਬਲ ਨੇ ਕਿਹਾ ਏ ਕਿ ਦੋਵਾਂ ਦੇਸ਼ਾਂ ਦੇ ਵਿਚਕਾਰ ਗੇਟ ਭਾਰਤ ਵਾਲੇ ਪਾਸੇ ਬੰਦ ਰਹਿਣਗੇ। ਸੂਰਜ ਢਲ਼ਣ ਵੇਲੇ ਝੰਡੇ ਉਤਾਰਨ ਤੋਂ ਬਾਅਦ

ਭਾਰਤੀ ਗਾਰਡ ਕਮਾਂਡਰ ਅਤੇ ਪਾਕਿਸਤਾਨ ਰੇਂਜਰਾਂ ਦੇ ਉਸ ਦੇ ਹਮਰੁਤਬਾ ਵਿਚਕਾਰ ਕੋਈ ਰਸਮੀ ਹੱਥ ਮਿਲਾਉਣ ਦੀ ਇਜਾਜ਼ਤ ਨਹੀਂ ਹੋਵੇਗੀ।ਇਸ ਦੇ ਨਾਲ ਹੀ, ਸਰਹੱਦ ਤੇ ਲੱਗੀ ਕੰਡਿਆਲੀ ਤਾਰ ਪਾਰਲੇ ਵਾਲੇ ਖੇਤਾਂ ਵਾਲੇ ਕਿਸਾਨਾਂ ਨੂੰ ਆਪਣੀ ਜ਼ਮੀਨ ਵਾਹੁਣ ਦੀ ਇਜਾਜ਼ਤ ਹੋਵੇਗੀ, ਪਰ ਸਖ਼ਤ ਸ਼ਰਤਾਂ ਅਧੀਨ। ਸੂਤਰਾਂ ਨੇ ਕਿਹਾ ਕਿ ਬੀਐਸਐਫ ਅਧਿਕਾਰੀਆਂ ਨੇ ਵੱਖ-ਵੱਖ ਖੇਤਰਾਂ ਵਿੱਚ ਅਜਿਹੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਨੇ ਅਤੇ ਜਿਹੜੇ ਕਿਸਾਨ ਆਪਣੀ ਜ਼ਮੀਨ 'ਤੇ ਖੇਤੀ ਕਰਨ ਦੇ ਇੱਛੁਕ ਨੇ, ਉਨ੍ਹਾਂ ਨੂੰ ਅਜਿਹਾ ਕਰਨ ਦੀ ਇਜਾਜ਼ਤ ਦਿੱਤੀ ਜਾਵੇਗੀ ਪਰ ਵਧੇਰੇ ਨਿਗਰਾਨੀ ਹੇਠ ਅਤੇ ਸੀਮਤ ਸਮੇਂ ਲਈ ।

----------------------------------------------------------------

ਵਿਦੇਸ਼ ਸਕੱਤਰ ਵਿਕਰਮ ਮਿਸਰੀ ਆਪ੍ਰੇਸ਼ਨ ਸਿੰਧੂਰ 'ਤੇ ਭਾਰਤ ਦਾ ਪੱਖ ਰੱਖਣ ਲਈ ਦੁਨੀਆ ਭਰ ਦੇ ਦੇਸ਼ਾਂ ਦੇ ਦੌਰੇ ਤੇ ਜਾਣ ਵਾਲੇ ਆਲ-ਪਾਰਟੀ ਸੰਸਦ ਮੈਂਬਰਾਂ ਦੇ ਵਫ਼ਦ ਨੂੰ ਅੱਜ ਸੰਖੇਪ ਜਾਣਕਾਰੀ ਦੇਣਗੇ। ਇਸ ਤੋਂ ਪਹਿਲਾਂ, ਸਰਕਾਰ ਨੇ ਆਪ੍ਰੇਸ਼ਨ ਸਿੰਦੂਰ 'ਤੇ ਪਾਕਿਸਤਾਨ ਸਮਰਥਕ ਦਹਿਸ਼ਤਗਰਦੀ ਵਿਰੁੱਧ ਭਾਰਤ ਦੇ ਸਖ਼ਤ ਰੁਖ਼ ਨੂੰ ਪੇਸ਼ ਕਰਨ ਲਈ ਵੱਖ-ਵੱਖ ਦੇਸ਼ਾਂ ਵਿੱਚ ਬਹੁ-ਪਾਰਟੀ ਵਫ਼ਦ ਭੇਜਣ ਦਾ ਐਲਾਨ ਕੀਤਾ ਸੀ।

ਅਜਿਹੇ ਸੱਤ ਵਫ਼ਦ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮੈਂਬਰ ਦੇਸ਼ਾਂ ਸਮੇਤ ਮੁੱਖ ਭਾਈਵਾਲ ਦੇਸ਼ਾਂ ਦਾ ਦੌਰਾ ਕਰਨਗੇ। 59 ਸੰਸਦ ਮੈਂਬਰਾਂ ਦਾ ਵਫ਼ਦ ਕੁੱਲ 32 ਦੇਸ਼ਾਂ ਦਾ ਦੌਰਾ ਕਰੇਗਾ। ਇਹ ਦੌਰਾ 23 ਮਈ ਨੂੰ ਸ਼ੁਰੂ ਹੋਵੇਗਾ ਅਤੇ 1 ਜੂਨ ਤੱਕ ਜਾਰੀ ਰਹੇਗਾ। ਇਨ੍ਹਾਂ ਦੇਸ਼ਾਂ ਵਿੱਚ ਅਮਰੀਕਾ, ਸਾਊਦੀ ਅਰਬ, ਬਹਿਰੀਨ, ਕੁਵੈਤ, ਅਲਜੀਰੀਆ, ਬ੍ਰਿਟੇਨ, ਫਰਾਂਸ, ਜਰਮਨੀ, ਇਟਲੀ, ਡੈਨਮਾਰਕ, ਗੁਆਨਾ, ਬ੍ਰਾਜ਼ੀਲ, ਕੋਲੰਬੀਆ, ਦੱਖਣੀ ਕੋਰੀਆ, ਜਾਪਾਨ ਅਤੇ ਸਿੰਗਾਪੁਰ ਸ਼ਾਮਲ ਨੇ।

-----------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਬੁਲਾਰੇ ਤਰੁਣ ਚੁੱਘ ਦੀ ਅਗਵਾਈ ਹੇਠ ਅੱਜ ਅੰਮ੍ਰਿਤਸਰ ਵਿੱਚ ਇੱਕ ਵਿਸ਼ਾਲ ਤਿਰੰਗਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਯਾਤਰਾ ਸ਼ਹਿਰ ਦੇ ਵੱਖ-ਵੱਖ ਪ੍ਰਮੁੱਖ ਬਾਜ਼ਾਰਾਂ ਵਿੱਚੋਂ ਲੰਘੀ ਅਤੇ ਇਤਿਹਾਸਕ ਲਾਹੌਰੀ ਗੇਟ 'ਤੇ ਸਮਾਪਤ ਹੋਈ। ਯਾਤਰਾ ਦੌਰਾਨ, ਦੇਸ਼ ਭਗਤੀ ਦੇ ਨਾਅਰਿਆਂ ਅਤੇ ਰਾਸ਼ਟਰੀ ਗੀਤ ਦੀ ਗੂੰਜ ਨੇ ਪੂਰੇ ਮਾਹੌਲ ਨੂੰ ਦੇਸ਼ ਭਗਤੀ ਨਾਲ ਭਰ ਦਿੱਤਾ। ਇਸ ਯਾਤਰਾ ਦੀ ਖਾਸ ਗੱਲ ਇਹ ਸੀ ਕਿ ਇਸ ਵਿੱਚ ਇੱਕ ਵਿਸ਼ਾਲ 100 ਫੁੱਟ ਲੰਬਾ ਤਿਰੰਗਾ ਸ਼ਾਮਲ ਸੀ, ਜੋ ਦੇਸ਼ ਦੀ ਏਕਤਾ ਅਤੇ ਸਨਮਾਨ ਦਾ

ਪ੍ਰਤੀਕ ਬਣ ਗਿਆ। ਯਾਤਰਾ ਵਿੱਚ ਸੈਂਕੜੇ ਨਾਗਰਿਕਾਂ, ਭਾਜਪਾ ਵਰਕਰਾਂ ਅਤੇ ਨੌਜਵਾਨਾਂ ਨੇ ਹਿੱਸਾ ਲਿਆ।

---------------------------------------------------------------

ਛੇਵੇਂ ਪਾਤਸ਼ਾਹ ਗੁਰੂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਗੁਰਿਆਈ ਪੁਰਬ ਅੱਜ ਭਗਤੀ ਤੇ ਸ਼ਕਤੀ ਦੇ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਹੈਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਵਰਪਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਅਤੇ ਰਜਿੰਦਰ ਸਿੰਘ ਰੂਬੀ, ਅਜੈਬ ਸਿੰਘ ਅਭਿਆਸੀ ਗੁਰਿੰਦਰ ਸਿੰਘ ਮਥਰੇਵਾਲ ਸਮੇਤ ਹੋਰ ਧਾਰਮਿਕ ਸ਼ਖਸੀਅਤਾਂ, ਸ਼੍ਰੋਮਣੀ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਅਧਿਕਾਰੀ ਤੇ ਪ੍ਰਬੰਧਕ ਅਤੇ ਸੰਗਤਾਂ ਹਾਜ਼ਰ ਰਹੀਆਂ। ਗੁਰਿਆਈ ਪੁਰਬ ਦੇ ਮੱਦੇਨਜ਼ਰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਜੀ ਵਿਖੇ ਸੁੰਦਰ ਜਲੌਅ ਸਜਾਏ ਜਾ ਰਹੇ ਨੇ। ਸਵੇਰ ਤੋਂ ਦੇਰ ਸ਼ਾਮ ਤੱਕ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਵਿਖੇ ਵੀ ਗੁਰਿਆਈ ਪੁਰਬ ਦੇ ਸਬੰਧ ਵਿਚ ਗੁਰਮਤਿ ਸਮਾਗਮ ਸਜਾਏ ਜਾਣਗੇ ।

---------------------------------------------------

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਕਿ ਬਜੁਰਗਾਂ ਦੀ ਭਲਾਈ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਏ। ਡਾ. ਬਲਜੀਤ ਕੌਰ ਨੇ ਚੰਡੀਗੜ੍ਹ ਸਥਿਤ ਪੰਜਾਬ ਭਵਨ ਵਿਖੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕਿਹਾ ਕਿ ਬਜੁਰਗ ਸਾਡਾ ਕੀਮਤੀ ਸਰਮਾਇਆ ਨੇ ਅਤੇ ਇਹਨਾਂ ਨੂੰ ਮਾਣ ਇੱਜ਼ਤ ਅਤੇ ਇਹਨਾਂ ਦੀ ਸਾਂਭ ਸੰਭਾਲ ਕਰਨਾ ਸਾਡੀ ਨੈਤਿਕ ਜਿੰਮੇਵਾਰੀ ਏ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਦੇ ਸਾਹਮਣੇ ਬਜੁਰਗ ਐਸੋਸ਼ੀਏਸਨ ਦੇ ਨੂੰਮਾਇੰਦਿਆਂ ਵੱਲੋਂ ਆਪਣੀ ਮੰਗਾਂ ਰੱਖੀਆਂ ਗਈਆਂ । ਮੰਤਰੀ ਨੇ ਬਜ਼ੁਰਗ ਐਸੋਸੀਏਸ਼ਨ ਦੀਆਂ ਮੰਗਾਂ ਨੂੰ ਬੜੇ ਹੀ ਧਿਆਨ ਨਾਲ ਸੁਣਿਆ ਅਤੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਬਜ਼ੁਰਗਾਂ ਦੀ ਹਰ ਸੰਭਵ ਮੰਗ ਦਾ ਤੁਰੰਤ ਹੱਲ ਯਕੀਨੀ ਬਣਾਇਆ ਜਾਵੇ ।

---------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਬਾਗ਼ਬਾਨੀ ਵਿਭਾਗ ਵੱਲੋਂ ਕਿਸਾਨਾਂ ਦੀ ਭਲਾਈ ਵਾਸਤੇ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਦਾ ਵਿਸਥਾਰਪੂਰਕ ਨਿਰੀਖਣ ਕੀਤਾ। ਇਸ ਸਬੰਧੀ ਉਨ੍ਹਾਂ ਨੇ ਬਾਗ਼ਬਾਨੀ ਅਧਿਕਾਰੀਆਂ ਨਾਲ ਪੰਜਾਬ ਸਿਵਲ ਸਕੱਤਰੇਤ ਵਿਖੇ ਉੱਚ

ਪੱਧਰੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਕਿਸਾਨ ਦੀ ਭਲਾਈ ਸਬੰਧੀ ਸਕੀਮਾਂ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਦਾ ਬਾਰੀਕੀ ਨਾਲ ਨਿਰੀਖਣ ਕਰਦਿਆਂ ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਲਾਭਪਾਤਰੀਆਂ ਤੱਕ ਇਹਨਾਂ ਸਕੀਮਾਂ ਦਾ ਲਾਭ ਬਿਨਾਂ ਕਿਸੇ ਦੇਰੀ ਦੇ ਪਹੁੰਚਣਾ ਯਕੀਨੀ ਬਣਾਇਆ ਜਾਵੇ।